# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :07-03-2026**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪੰਜਾਬ ਸਰਕਾਰ, ਕੱਲ੍ਹ ਐਤਵਾਰ ਨੂੰ ਆਪਣਾ 5ਵਾਂ ਬਜਟ ਪੇਸ਼ ਕ ਰੇਗੀ I
- ਪੰਜਾਬ ਮੰਤਰੀ ਮੰਡਲ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ, ਵਿਸ਼ਵ ਪੱਧਰੀ 'ਸ੍ਰੀ ਗੁਰੂ ਤੇਗ਼ ਬਹਾਦਰ ਯੂਨੀਵਰਸਿਟੀ' ਅਤੇ ਸਰਕਾਰੀ ਕਾਲ ਜਾਂ ਵਿੱਚ 1158 ਅਸਾਮੀਆਂ ਲਈ ਨਵੀਂ ਭਰਤੀ ਨੂੰ ਮਨਜ਼ੂਰੀ ਸਮੇਤ  ਕ ਈ ਅਹਿਮ ਫੈਸਲੇ ਲਏ I
- ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲੇ ਵਲੋਂ ਕੱਲ ਕੌਮਾਂ ਤਰੀ ਮਹਿਲਾ ਦਿਵਸ ਮੌਕੇ ,ਪੰਜਾਬ ਸਮੇਤ ਦੇਸ਼ ਭਰ ਵਿੱਚ ਇੱਕ ਦੇਸ਼ ਵਿਆਪੀ ਐਥਲੈਟਿਕਸ ਲੀਗ - ASMITA ਦਾ ਆਯੋਜਨ  |
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਕੁੜੀਆਂ ਨੂੰ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਨ ਦਾ ਸੱਦਾ ਦਿੱਤਾ I

- ICC Twenty-twenty ਕ੍ਰਿਕਟ ਵਿਸ਼ਵ ਕੱਪ ਦੇ ਖ਼ਿਤਾਬੀ ਮੁਕਾਬਲੇ ਵਿੱਚ, ਕੱਲ੍ਹ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ ।

---------------------------------------------------------------------------------

ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਕੱਲ੍ਹ ਐਤਵਾਰ ਨੂੰ ਆਪਣਾ 5ਵਾਂ ਬਜਟ ਪੇਸ਼ ਕਰੇਗੀ ,ਜੋ ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਸਦਾ ਆਖਰੀ ਬਜਟ ਹੋਵੇਗਾ। 8 ਮਾਰਚ ਨੂੰ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ ,ਵਿਧਾਨ ਸਭਾ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ ਜਦੋਂ ਬਜਟ ਐਤਵਾਰ ਨੂੰ ਪੇਸ਼ ਕੀਤਾ ਜਾਵੇਗਾ। ਵਿੱਤ ਮੰਤਰੀ ਹਰਪਾਲ ਚੀਮਾ ਬਜਟ ਤਜਵੀਜ਼ਾਂ ਪੇਸ਼ ਕਰਨਗੇ। ਇਸ ਤੋਂ ਪਹਿਲਾਂ, ਪੰਜਾਬ ਮੰਤਰੀ ਮੰਡਲ ਨੇ ਕੱਲ੍ਹ ਵਿਧਾਨ ਸਭਾ ਦੇ ਚੱਲ ਰਹੇ ਬਜਟ ਇਜਲਾਸ ਵਿੱਚ ਸਾਲ 2025-26 ਲਈ ਗ੍ਰਾਂਟਾਂ ਲਈ ਪੂਰਕ ਮੰਗਾਂ ਅਤੇ ਸਾਲ 2026-27 ਲਈ ਬਜਟ ਅਨੁਮਾਨਾਂ ਦੇ ਨਾਲ-ਨਾਲ ਸਾਲ 2024-25 ਲਈ ਕੈਗ ਆਡਿਟ ਰਿਪੋਰਟਾਂ ਦੀ ਪੇਸ਼ਕਾਰੀ ਨੂੰ ਮਨਜ਼ੂਰੀ ਦੇ ਦਿੱਤੀ ਏ । 11 ਦਿਨਾਂ ਦਾ ਇਜਲਾਸ ਕੱਲ੍ਹ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਸੰਬੋਧਨ ਨਾਲ ਸ਼ੁਰੂ ਹੋਇਆ ਸੀ।

---------------------------------------------------------------------------------

ਪੰਜਾਬ ਮੰਤਰੀ ਮੰਡਲ ਨੇ ਅੱਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਨਾਮ ’ਤੇ ਵਿਸ਼ਵ ਪੱਧਰੀ ਯੂਨੀਵਰਸਿਟੀ ਸਥਾਪਤ

ਕਰਨ ਦੀ ਪ੍ਰਵਾਨਗੀ ਦੇ ਦਿੱਤੀ ਏ । ਅੱਜ ਚੰਡੀਗੜ੍ਹ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਕਿ ਅਹਿਮ ਫੈਸਲੇ ਲਏ ਗਏ । ਮੁੱਖ ਮੰਤਰੀ ਦਫ਼ਤਰ ਮੁਤਾਬਕ ਮੰਤਰੀ ਮੰਡਲ ਨੇ ਯੂਨੀਵਰਸਿਟੀ ਦੀ ਸਥਾਪਨਾ ਅਤੇ ਸ੍ਰੀ ਗੁਰੂ ਤੇਗ਼ ਬਹਾਦਰ ਵਿਸ਼ਵ ਪੱਧਰੀ ਯੂਨੀਵਰਸਿਟੀ ਲਈ ਖਰੜਾ ਬਿੱਲ ਨੂੰ ਮਨਜ਼ੂਰੀ ਦੇ ਦਿੱਤੀ ਏ। ਮੰਤਰੀ ਮੰਡਲ ਨੇ ਯੂਨੀਵਰਸਿਟੀ ਦੀ ਸਥਾਪਨਾ ਸਮੇਂ ਸਿਰ ਕਰਨ ਲਈ ਸਾਰੇ ਲੋੜੀਂਦੇ ਫੈਸਲੇ ਲੈਣ ਲਈ ਮੁੱਖ ਮੰਤਰੀ ਨੂੰ ਅਧਿਕਾਰਤ ਕੀਤਾ ਹੈ। ਮੰਤਰੀ ਮੰਡਲ ਨੇ ਪੰਜਾਬ ਉਦਯੋਗ ਕ੍ਰਾਂਤੀ ਤਹਿਤ ਉਦਯੋਗਿਕ ਤੇ ਵਪਾਰ ਵਿਕਾਸ ਨੀਤੀ-2026 ਨੂੰ ਵੀ ਮਨਜ਼ੂਰ ਕੀਤਾ । ਇਸ ਨੀਤੀ ਦਾ ਉਦੇਸ਼ ਸੂਬੇ ਵਿੱਚ ਵਿੱਤੀ ਰਿਆਇਤਾਂ, ਖੇਤਰੀ ਵਿਕਾਸ, ਰੋਜ਼ਗਾਰ ਪੈਦਾ ਕਰਨ, ਬੁਨਿਆਦੀ ਢਾਂਚੇ ਦੀ ਮਜ਼ਬੂਤੀ ਅਤੇ ਉੱਭਰ ਰਹੇ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਵਿਆਪਕ ਅਤੇ ਢਾਂਚਾਗਤ ਵਿਵਸਥਾ ਸਥਾਪਤ ਕਰਨਾ ਹੈ। ਮੰਤਰੀ ਮੰਡਲ ਨੇ ਸਰਕਾਰੀ ਨੌਕਰੀਆਂ ਅਤੇ ਵਿਦਿਅਕ ਸੰਸਥਾਵਾਂ ’ਚ ਦਾਖਲਿਆਂ ਵਿੱਚ ਖਿਡਾਰੀਆਂ ਲਈ ਰਾਖਵਾਂਕਰਨ ਨੂੰ ਸੁਚਾਰੂ ਬਣਾਉਣ ਲਈ ਨੀਤੀ ਨੂੰ ਪ੍ਰਵਾਨਗੀ ਦਿੱਤੀ। ਨੀਤੀ ਮੁਤਾਬਿਕ ਖੇਡਾਂ ਵਿੱਚ ਪ੍ਰਾਪਤੀਆਂ ਨੂੰ 75 ਫੀਸਦੀ ਮਹੱਤਤਾ ਦਿੱਤੀ ਜਾਵੇਗੀ ਜਦੋਂ ਕਿ 25 ਫੀਸਦੀ ਮਹੱਤਤਾ ਦਾਖਲਾ ਪ੍ਰੀਖਿਆ ਵਿੱਚ ਕਾਰਗੁਜ਼ਾਰੀ 'ਤੇ ਅਧਾਰਿਤ ਹੋਵੇਗੀ। ਮੰਤਰੀ ਮੰਡਲ ਨੇ ਸੂਬੇ ਭਰ ਦੇ

ਸਰਕਾਰੀ ਕਾਲਜਾਂ ਵਿੱਚ 1,158 ਅਸਾਮੀਆਂ ਲਈ ਨਵੀਂ ਭਰਤੀ ਪ੍ਰਕਿਰਿਆ ਸ਼ੁਰੂ ਕਰਨ ਲਈ ਪ੍ਰਵਾਨਗੀ ਦੇ ਦਿੱਤੀ, ਜਿਸ ਵਿੱਚ 1,091 ਸਹਾਇਕ ਪ੍ਰੋਫੈਸਰ ਅਤੇ 67 ਲਾਇਬ੍ਰੇਰੀਅਨ ਸ਼ਾਮਲ ਹਨ। ਮੰਤਰੀ ਮੰਡਲ ਨੇ ਮੈਡੀਸਿਟੀ ਨੀਤੀ-2014 ਵਿੱਚ ਸੋਧਾਂ ਨੂੰ ਪ੍ਰਵਾਨਗੀ ਦੇ ਦਿੱਤੀ ਏ ਤਾਂ ਜੋ ਕੁਝ ਥਾਵਾਂ ਨੂੰ ਮੌਜੂਦਾ ਨੀਤੀ ਰਾਹੀਂ ਅਤੇ ਹੋਰਾਂ ਨੂੰ ਈ-ਨਿਲਾਮੀ ਰਾਹੀਂ ਨਿਪਟਾਉਣ ਦੀ ਇਜਾਜ਼ਤ ਦਿੱਤੀ ਜਾ ਸਕੇ। ਜਿਹੜੀਆਂ ਥਾਵਾਂ ਦੀ ਈ-ਨਿਲਾਮੀ ਹੋਣੀ ਏ , ਉਸ ਲਈ ਮਕਾਨ ਤੇ ਸ਼ਹਿਰੀ ਵਿਕਾਸ ਮੰਤਰੀ ਨੂੰ ਅਧਿਕਾਰਤ ਕੀਤਾ ਗਿਆ। ਪੰਜਾਬ ਕੈਬਨਿਟ ਨੇ ਸਰਕਾਰੀ ਕਰਮਚਾਰੀਆਂ ਦੇ ਆਸ਼ਰਿਤ ਦਿਵਿਆਂਗ ਭੈਣ-ਭਰਾਵਾਂ ਨੂੰ ਸ਼ਾਮਲ ਕਰਕੇ ਪਰਿਵਾਰਕ ਪੈਨਸ਼ਨ ਨੂੰ ਪਰਿਭਾਸ਼ਿਤ ਕਰਨ ਲਈ 'ਪੰਜਾਬ ਸਿਵਲ ਸੇਵਾਵਾਂ ਨਿਯਮ, ਭਾਗ-2 ਦੇ ਨਿਯਮ ਵਿੱਚ ਸੋਧ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਇਸ ਅਨੁਸਾਰ, ਅਜਿਹੇ ਆਸ਼ਰਿਤ ਪਰਿਵਾਰਕ ਮੈਂਬਰ ਹੁਣ ਪਰਿਵਾਰਕ ਪੈਨਸ਼ਨ ਦੇ ਲਾਭ ਦੇ ਹੱਕਦਾਰ ਹੋਣਗੇ। ਮੰਤਰੀ ਮੰਡਲ ਨੇ 'ਪੰਜਾਬ ਜੇਲ੍ਹ ਅਤੇ ਸੁਧਾਰ ਸੇਵਾਵਾਂ ਬਿੱਲ-2026' ਨੂੰ ਲਾਗੂ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ, ਜੋ ਕਿ ਸੂਬੇ ਵਿੱਚ ਮੌਜੂਦਾ ਸਮੇਂ ਲਾਗੂ ਜੇਲ੍ਹ ਐਕਟ-1894 ਦੀ ਥਾਂ ਲਵੇਗਾ। ਇਸ ਕਦਮ ਦਾ ਉਦੇਸ਼ ਜੇਲ੍ਹ ਪ੍ਰਸ਼ਾਸਨ ਨੂੰ ਆਧੁਨਿਕ ਬਣਾਉਣਾ ਅਤੇ ਉੱਨਤ ਤਕਨਾਲੋਜੀ, ਯੰਤਰਾਂ

ਅਤੇ ਉਪਕਰਣਾਂ ਦੀ ਸਥਾਪਨਾ ਰਾਹੀਂ ਜੇਲ੍ਹ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨਾ ਏ।

-----------------------------------------------------------------------------------

ਅੱਜ ਜਨ ਔਸ਼ਧੀ ਦਿਵਸ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਧਾਨ ਮੰਤਰੀ ਭਾਰਤੀ ਜਨ ਔਸ਼ਧੀ ਯੋਜਨਾ ਤੋਂ ਲਾਭ ਉਠਾਉਣ ਵਾਲਿਆਂ ਨੂੰ ਵਧਾਈ ਦਿੱਤੀ। ਸ਼੍ਰੀ ਮੋਦੀ ਨੇ ਕਿਹਾ ਕਿ ਇਸ ਪ੍ਰੋਜੈਕਟ ਨੇ ਅਣਗਿਣਤ ਪਰਿਵਾਰਾਂ ਦੇ ਡਾਕਟਰੀ ਖਰਚਿਆਂ ਨੂੰ ਬਚਾਇਆ ਏ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਕਿਫਾਇਤੀ ਕੀਮਤਾਂ 'ਤੇ ਵਧੀਆ ਗੁਣਵੱਤਾ ਵਾਲੀਆਂ ਦਵਾਈਆਂ ਪ੍ਰਦਾਨ ਕਰਨ ਲਈ ਵਚਨਬੱਧ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਸ ਪਹਿਲਕਦਮੀ ਨੇ ਦੇਸ਼ ਭਰ ਦੇ ਗਰੀਬਾਂ ਨੂੰ ਦਵਾਈਆਂ ਦੇ ਵਿੱਤੀ ਬੋਝ ਤੋਂ ਰਾਹਤ ਦਿੱਤੀ ਏ ਅਤੇ ਜੈਨਰਿਕ ਦਵਾਈਆਂ ਬਾਰੇ ਜਾਗਰੂਕਤਾ ਫੈਲਾਈ ਏ। ਉਨ੍ਹਾਂ ਦੱਸਿਆ ਕਿ ਦੇਸ਼ ਭਰ ਵਿੱਚ ਲਗਭਗ 18,000 ਜਨ ਔਸ਼ਧੀ ਕੇਂਦਰ ਗਰੀਬਾਂ ਅਤੇ ਲੋੜਵੰਦਾਂ ਨੂੰ ਕਿਫਾਇਤੀ ਅਤੇ ਪਹੁੰਚਯੋਗ ਦਵਾਈਆਂ ਪ੍ਰਦਾਨ ਕਰ ਰਹੇ ਹਨ। ਅਮਿਤ ਸ਼ਾਹ ਨੇ ਕਿਹਾ ਕਿ ਇਸ

ਯੋਜਨਾ ਰਾਹੀਂ, ਦੇਸ਼ ਵਾਸੀਆਂ ਨੇ ਹੁਣ ਤੱਕ 40 ਹਜ਼ਾਰ  ਕਰੋੜ ਰੁਪਏ ਤੋਂ ਵੱਧ ਦੀ ਬਚਤ ਕੀਤੀ ਏ ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਔਰਤਾਂ ਸਮਾਜ ਅਤੇ ਰਾਸ਼ਟਰ ਦੀ ਬੁਨਿਆਦ ਨੇ । ਕੌਮਾਂਤਰੀ ਮਹਿਲਾ ਦਿਵਸ ਤੋਂ ਇਕ ਸ਼ਾਮ ਪਹਿਲਾਂ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਵਾਸੀਆਂ, ਖਾਸ ਕਰਕੇ ਔਰਤਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਸਿੱਖਿਅਤ, ਆਤਮ -ਨਿਰਭਰ ਅਤੇ ਸਸ਼ਕਤ ਔਰਤਾਂ ਇੱਕ ਖੁਸ਼ਹਾਲ ਅਤੇ ਪ੍ਰਗਤੀਸ਼ੀਲ ਰਾਸ਼ਟਰ ਦੇ ਨਿਰਮਾਣ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੀਆਂ ਨੇ । ਰਾਸ਼ਟਰਪਤੀ ਨੇ ਕਿਹਾ ਕਿ ਔਰਤਾਂ ਨੇ ਸਿੱਖਿਆ, ਵਿਗਿਆਨ, ਖੇਡਾਂ, ਕਲਾ ਅਤੇ ਰੱਖਿਆ ਸਮੇਤ ਵੱਖ-ਵੱਖ ਖੇਤਰਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਏ । ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਕਿ ਅੱਜ ਦੀਆਂ ਨੌਜਵਾਨ ਔਰਤਾਂ ਇੱਕ ਨਵੇਂ ਭਾਰਤ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੀਆਂ ਨੇ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਦੇਸ਼ ਵਾਸੀਆਂ ਨੂੰ ਇੱਕ ਅਜਿਹਾ ਸਮਾਜ ਬਣਾਉਣ ਦੀ ਅਪੀਲ ਕੀਤੀ ਜਿੱਥੇ ਔਰਤਾਂ ਨੂੰ ਬਰਾਬਰ ਮੌਕੇ ਮਿਲਣ। ਉਨ੍ਹਾਂ ਔਰਤਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਵੀ ਕੀਤੀ।

---

ਅੰਤਰ-ਰਾਸ਼ਟਰੀ ਔਰਤ ਦਿਵਸ ਮੌਕੇ, ਖੇਡਾਂ ਵਿੱਚ ਔਰਤਾਂ ਦਾ ਜਸ਼ਨ ਮਨਾਉਣ ਲਈ, ਕੱਲ੍ਹ, ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲਾ ਪੰਜਾਬ ਸਮੇਤ ਦੇਸ਼ ਭਰ ਵਿੱਚ ਇੱਕ ਦੇਸ਼ ਵਿਆਪੀ ਐਥਲੈਟਿਕਸ ਲੀਗ ASMITA ਕਰਾਉਣ ਜਾ ਰਿਹਾ ਏ। ASMITA ਭਾਵ ਖੇਡਾਂ ‘ਚ ਮੀਲ ਪਥਰ ਹਾਸਲ ਕਰਨ ਵਾਸਤੇ ਸਰਗਰਮੀਆਂ ਰਾਹੀਂ ਔਰਤਾਂ ਨੂੰ ਪ੍ਰੇਰਿਤ ਕਰਨਾ, ਖੇਡਾਂ ਵਿੱਚ ਔਰਤਾਂ ਦਾ ਸਨਮਾਨ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ ਏ। ਇਹ ਸਮਾਗਮ 13 ਸਾਲ ਤੋਂ ਘੱਟ, 13 ਤੋਂ 18 ਸਾਲ ਅਤੇ 18 ਸਾਲ ਤੋਂ ਵਧ ਉਮਰ ਸ਼੍ਰੇਣੀਆਂ ਦੇ ਉਮਰ ਸਮੂਹਾਂ ਵਿੱਚ 100 ਮੀਟਰ, 200 ਮੀਟਰ ਅਤੇ 400 ਮੀਟਰ ਦੇ ਐਥਲੈਟਿਕਸ 'ਤੇ ਕੇਂਦ੍ਰਿਤ ਹੋਵੇਗਾ। ਇਸ ਵਿੱਚ ਰਿਕਾਰਡ ਢਾਈ ਲੱਖ ਔਰਤਾਂ ਦੇ ਹਿੱਸਾ ਲੈਣ ਦੀ ਉਮੀਦ ਏ। ਨੌਜਵਾਂਨ ਮਾਮਲਿਆਂ ਅਤੇ ਖੇਡਾਂ ਬਾਰੇ ਕੇਂਦਰੀ ਰਾਜ ਮੰਤਰੀ ਰਕਸ਼ਾ ਨਿਖਿਲ ਖੜਸੇ ਮੁਤਾਬਿਕ, ਇਹ ਸਮਾਗਮ ਦੇਸ਼ ਭਰ ਦੇ 30 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ 250 ਥਾਵਾਂ 'ਤੇ ਕਰਾਇਆ ਜਾਏਗਾ। ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਦਸਿਆ ਏ ਕਿ ਪੰਜਾਬ ਵਿੱਚ, ਇਹ ਸਮਾਗਮ ਪਟਿਆਲਾ ਸਮੇਤ 12 ਜ਼ਿਲ੍ਹਿਆਂ ਵਿੱਚ ਕਰਾਇਆ ਜਾਏਗਾ ਜੋ ਕਿ ਇਸ ਸਮਾਗਮ ਲਈ ਚੁਣੇ ਗਏ 30 ਵਿਸ਼ੇਸ਼ ਜ਼ਿਲ੍ਹਿਆਂ ਵਿੱਚੋਂ ਇੱਕ ਏ। ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿਖੇ ਵੀ ਇਹ ਸਮਾਗਮ

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੁੜੀਆਂ ਨੂੰ ਸੂਬੇ ਦੇ ਭਵਿੱਖ ਨੂੰ ਢਾਲਣ ਵਿੱਚ ਬਰਾਬਰ ਭਾਈਵਾਲ ਵਜੋਂ ਅੱਗੇ ਵਧਣ ਦਾ ਸੱਦਾ ਦਿੱਤਾ ਏ । ਉਨ੍ਹਾਂ ਕਿਹਾ ਕਿ ਸ਼ਾਸਨ, ਆਰਥਿਕਤਾ ਅਤੇ ਰਾਜਨੀਤੀ ਵਿੱਚ ਔਰਤਾਂ ਦੀ ਪੂਰੀ ਭਾਗੀਦਾਰੀ ਤੋਂ ਬਿਨਾਂ ਸੂਬਾ ਦੇਸ਼ ਦਾ ਮੋਹਰੀ ਨਹੀਂ ਬਣ ਸਕਦਾ। ਅੱਜ ਲੁਧਿਆਣਾ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਸੂਬਾ ਪੱਧਰੀ ਕੌਮਾਂਤਰੀ ਮਹਿਲਾ ਦਿਵਸ ਸਮਾਗਮ ਮੌਕੇ ਮੁੱਖ ਮੰਤਰੀ ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਕਿਵੇਂ ਪੰਜਾਬ ਸਰਕਾਰ ਉਨ੍ਹਾਂ ਰੁਕਾਵਟਾਂ ਨੂੰ ਸਰਗਰਮੀ ਨਾਲ ਦੂਰ ਕਰ ਰਹੀ ਹੈ ਜੋ ਔਰਤਾਂ ਨੂੰ ਮੁੱਖ ਖੇਤਰਾਂ ਤੋਂ ਦੂਰ ਰੱਖਦੀਆਂ ਸਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨ ਔਰਤਾਂ ਨੂੰ ਰਾਜਨੀਤੀ ਵਿੱਚ ਆਉਣ ਅਤੇ ਫੈਸਲਾ ਲੈਣ ਵਿੱਚ ਸਰਗਰਮ ਭਾਗੀਦਾਰ ਬਣਨ ਦੀ ਅਪੀਲ ਕੀਤੀ । ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਏ ਕਿ ਕੁੜੀਆਂ ਅੱਜ ਸਾਰੇ ਖੇਤਰਾਂ ਵਿੱਚ ਉੱਤਮ ਪ੍ਰਦਰਸ਼ਨ ਕਰ ਰਹੀਆਂ ਹਨ। ਇਸ ਮੌਕੇ ਮੁਖ ਮੰਤਰੀ ਨੇ ਨਾਮਣਾ ਖੱਟਣ ਵਾਲਿਆਂ ਔਰਤਾਂ ਨੂੰ ਸਨਮਾਨਿਤ ਵੀ ਕੀਤਾ

---------------------------------------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ₹14.16 ਕਰੋੜ ਜਾਰੀ , ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2025-26 ਦੌਰਾਨ

ਅਸ਼ੀਰਵਾਦ ਯੋਜਨਾ ਤਹਿਤ 2 ਹਜ਼ਾਰ 777 ਯੋਗ ਲਾਭਪਾਤਰੀਆਂ ਨੂੰ ਕੁੱਲ 14 ਕਰੋੜ 16 ਲਖ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਏ ।

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀ ਸਹਾਇਤਾ ਲਈ ਵਚਨਬੱਧ ਏ , ਤਾਂ ਜੋ ਉਹ ਆਪਣੀਆਂ ਧੀਆਂ ਦੇ ਵਿਆਹ ਸਨਮਾਨ ਨਾਲ ਕਰ ਸਕਣ। ਉਨ੍ਹਾਂ ਦੱਸਿਆ ਕਿ ਮੌਜੂਦਾ ਵਿੱਤੀ ਸਾਲ ਦੌਰਾਨ ਅਸ਼ੀਰਵਾਦ ਪੋਰਟਲ ਰਾਹੀਂ ਸ੍ਰੀ ਅੰਮ੍ਰਿਤਸਰ ਸਾਹਿਬ, ਬਰਨਾਲਾ, ਫਰੀਦਕੋਟ, ਸ੍ਰੀ ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਅਤੇ ਤਰਨ ਤਾਰਨ ਸਮੇਤ 15 ਜ਼ਿਲ੍ਹਿਆਂ ਤੋਂ ਪ੍ਰਾਪਤ ਹੋਈਆਂ ਅਰਜ਼ੀਆਂ ਵਿੱਚੋਂ 2,777 ਯੋਗ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਏ ।

ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਯੋਜਨਾ ਤਹਿਤ ਸਰਕਾਰ ਵੱਲੋਂ ਯੋਗ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ 51 ਹਜ਼ਾਰ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਏ ।

ਉਨ੍ਹਾਂ ਕਿਹਾ ਕਿ ਇਹ ਸਕੀਮ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਪਰਿਵਾਰਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀ ਏ , ਜਿਸ ਨਾਲ ਉਹ ਆਪਣੀਆਂ ਧੀਆਂ ਦੇ ਵਿਆਹ ਇੱਜ਼ਤ ਅਤੇ ਆਤਮ-ਸਨਮਾਨ ਨਾਲ ਕਰ ਸਕਦੇ ਹਨ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਿੰਗਾਪੁਰ ਦੀ ਪ੍ਰਿੰਸੀਪਲ ਅਕੈਡਮੀ ਵਿਖੇ ਸਿਖਲਾਈ ਲਈ 30 ਸਰਕਾਰੀ ਸਕੂਲਾਂ ਦੇ ਪ੍ਰਿੰਸੀਪਲਾਂ ਦੇ 8ਵੇਂ ਬੈਚ ਨੂੰ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਉਦੇਸ਼ ਅਧਿਆਪਕਾਂ ਨੂੰ ਵਿਸ਼ਵਵਿਆਪੀ ਸਿੱਖਿਆ ਅਭਿਆਸਾਂ ਤੋਂ ਜਾਣੂ ਕਰਵਾਉਣਾ ਅਤੇ ਸੂਬੇ ਦੀ ਜਨਤਕ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨਾ ਏ । ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਏ ਕਿ ਪੰਜਾਬ ਦੇ ਬੱਚੇ ਵਿਸ਼ਵ ਪੱਧਰੀ, ਗੁਣਵੱਤਾ ਵਾਲੀ ਸਿੱਖਿਆ ਪ੍ਰਾਪਤ ਕਰਨ । ਇਸ ਦ੍ਰਿਸ਼ਟੀਕੋਣ ਮੁਤਾਬਿਕ ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਲਗਾਤਾਰ ਕੌਮਾਂਤਰੀ ਪੱਧਰ ਦੇ ਸਿਖਲਾਈ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਨੇ ਤਾਂ ਜੋ ਉਹ ਨਵੇਂ ਤੇ ਆਧੁਨਿਕ ਤਰੀਕੇ ਸਿੱਖ ਸਕਣ ਅਤੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰ ਸਕਣ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਲਈ ਪਾਰਦਰਸ਼ੀ ਚੋਣ ਪ੍ਰਕਿਰਿਆ ਅਪਣਾਈ ਗਈ ਏ , ਜਿਸ ਤੋਂ ਬਾਅਦ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਦੁਆਰਾ ਚੁਣੇ ਗਏ ਪ੍ਰਿੰਸੀਪਲਾਂ ਦੀ ਤਸਦੀਕ ਕੀਤੀ ਗਈ।

--------------------------------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਬਾਗ਼ਬਾਨੀ ਵਿਭਾਗ ਦੇ ਵੱਖ-ਵੱਖ ਪ੍ਰੋਜੈਕਟਾਂ ਅਤੇ ਯੋਜਨਾਵਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ

ਲਈ ਵਿਭਾਗੀ ਅਧਿਕਾਰੀਆਂ ਨਾਲ ਚੰਡੀਗੜ੍ਹ ਵਿਖੇ ਇਕ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮੰਤਰੀ ਨੇ ਬਾਗ਼ਬਾਨੀ ਖੇਤਰ ਦੇ ਵਿਕਾਸ ਅਤੇ ਕਿਸਾਨਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਉਣ ਲਈ ਚੱਲ ਰਹੀਆਂ ਯੋਜਨਾਵਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਮੀਟਿੰਗ ਵਿੱਚ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹਾ ਪੱਧਰ ਦੀਆਂ ਬਾਗ਼ਬਾਨੀ ਨਰਸਰੀਆਂ ਵਿੱਚ ਵੱਧ ਤੋਂ ਵੱਧ ਗੁਣਵੱਤਾ ਵਾਲੇ ਬੂਟਿਆਂ ਦਾ ਉਤਪਾਦਨ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਉੱਚ ਕਿਸਮ ਦੇ ਬੂਟੇ ਉਪਲਬਧ ਕਰਵਾਏ ਜਾ ਸਕਣ। ਉਨ੍ਹਾ ਅਧਿਕਾਰੀਆਂ ਨੂੰ ਕਿਹਾ ਕਿ ਉਹ ਖੇਤਰੀ ਪੱਧਰ ਦੇ ਨਿਯਮਿਤ ਦੌਰੇ ਕਰਕੇ ਕਿਸਾਨਾਂ ਨਾਲ ਸਿੱਧੀ ਗੱਲਬਾਤ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਯਕੀਨੀ ਬਣਾਉਣ।

ਜ਼ਿਲ੍ਹਾ ਬਾਗ਼ਬਾਨੀ ਅਧਿਕਾਰੀਆਂ ਨੇ ਆਪੋ -ਆਪਣੇ ਖੇਤਰਾਂ ਨਾਲ ਸੰਬੰਧਿਤ ਮੁਸ਼ਕਲਾਂ ਅਤੇ ਜਰੂਰਤਾਂ ਬਾਰੇ ਮੰਤਰੀ ਨੂੰ ਜਾਣੂ ਕਰਵਾਇਆ। ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬਾਗ਼ਬਾਨੀ ਨਰਸਰੀਆਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੇਰਵੇ ਸਮੇਤ ਰਿਪੋਰਟ ਤੁਰੰਤ ਭੇਜੀ ਜਾਵੇ ਤਾਂ ਜੋ ਲੋੜੀਂਦੇ ਕਦਮ ਜਲਦੀ ਚੁੱਕੇ ਜਾ ਸਕਣ। ਉਨ੍ਹਾਂ ਕਿਹਾ ਕਿ ਬਾਗ਼ਬਾਨੀ ਦੇ ਵਿਕਾਸ ਲਈ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਮੰਤਰੀ ਨੇ ਟੈਂਡਰ ਪ੍ਰਕਿਰਿਆ ਨਾਲ ਸੰਬੰਧਿਤ

ਕੰਮਾਂ ਨੂੰ ਵੀ ਤਰਜੀਹ ਦੇਣ ਲਈ ਕਿਹਾ ਅਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਾਰੇ ਕੰਮ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪੂਰੇ ਕੀਤੇ ਜਾਣ। ਉਨ੍ਹਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਬਸਿਡੀ ਨਾਲ ਸੰਬੰਧਿਤ ਸਾਰੇ ਮਾਮਲਿਆਂ ਦਾ ਤੁਰੰਤ ਨਿਪਟਾਰਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਲਾਭ ਮਿਲ ਸਕੇ।

---------------------------------------------------------------------------------

ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਦਾ ਸਾਲਾਨਾ ਬਜਟ ਇਜਲਾਸ 28 ਮਾਰਚ ਨੂੰ ਤੇਜਾ ਸਿੰਘ ਸਮੁੰਦਰੀ ਹਾਲ ਵਿੱਚ ਸੱਦਿਆ ਗਿਆ ਏ । ਕੱਲ ਅੰਮ੍ਰਿਤਸਰ 'ਚ ਸ਼੍ਰੋਮਣੀ ਕਮੇਟੀਮੁੱਖ ਦਫ਼ਤਰ ਵਿਖੇ ਅੰਤਰਿੰਗ ਕਮੇਟੀ ਦੀ ਮੀਟਿੰਗ ਤੋਂ ਬਾਅਦ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਪ੍ਰੈਸ ਕਾਨਫਰੰਸ 'ਚ ਇਹ ਜਾਣਕਾਰੀ ਦਿਤੀ। ਉਨ੍ਹਾਂ ਦੱਸਿਆ ਕਿ ਇਸ ਇਜਲਾਸ ਵਿੱਚ ਸੈਕਸ਼ਨ 85 ਦੇ ਅਧੀਨ ਆਉਣ ਵਾਲੇ ਗੁਰਦੁਆਰਾ ਸਾਹਿਬਾਨ, ਟਰੱਸਟਾਂ, ਵਿਦਿਆਕ ਅਦਾਰਿਆਂ ਅਤੇ ਸੈਕਸ਼ਨ 87 ਦੇ ਗੁਰਦੁਆਰਿਆਂ ਦੇ ਬਜਟ ਸਮੇਤ ਵੱਖ-ਵੱਖ ਵਿਭਾਗਾਂ ਦੇ ਖਰਚੇ ਅਤੇ ਆਮਦਨ ਦਾ ਹਿਸਾਬ ਪੇਸ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ, ਸਿੱਖ ਇਤਿਹਾਸ ਬੋਰਡ, ਪ੍ਰਿੰਟਿੰਗ ਪ੍ਰੈਸਾਂ ਅਤੇ ਹੋਰ ਸੰਸਥਾਵਾਂ ਦੇ ਬਜਟ ਵੀ ਇਜਲਾਸ ਵਿੱਚ ਸ਼ਾਮਲ ਹੋਣਗੇ।

---------------------------------------------------------------------------------

ਮਰਦਾਂ ਦੇ ICC Twenty-twenty ਕ੍ਰਿਕਟ ਵਿਸ਼ਵ ਕੱਪ ਦੇ ਖਿਤਾਬੀ ਮੁਕਾਬਲੇ ਵਿੱਚ, ਕੱਲ੍ਹ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ। ਇਹ ਮੈਚ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿੱਚ ਸ਼ਾਮ 7 ਵਜੇ ਖੇਡਿਆ ਜਾਵੇਗਾ। ਸੂਰਿਆ ਕੁਮਾਰ ਯਾਦਵ ਦੀ ਅਗਵਾਈ ਵਿੱਚ, ਮੌਜੂਦਾ ਚੈਂਪੀਅਨ ਭਾਰਤ ਨੇ ਸੈਮੀਫਾਈਨਲ ਵਿੱਚ ਇੰਗਲੈਂਡ ਨੂੰ 7 ਦੌੜਾਂ ਨਾਲ ਹਰਾ ਕੇ ਫਾਈਨਲ ਵਿੱਚ ਪ੍ਰਵੇਸ਼ ਕੀਤਾ। ਸੰਜੂ ਸੈਮਸਨ ਦੀ 89 ਦੌੜਾਂ ਦੀ ਸ਼ਾਨਦਾਰ ਪਾਰੀ ਦੀ ਮਦਦ ਨਾਲ, ਭਾਰਤੀ ਟੀਮ ਨੇ 253 ਦੌੜਾਂ ਦਾ ਰਿਕਾਰਡ ਸਕੋਰ ਬਣਾਇਆ ਸੀ। ਦੂਜੇ ਪਾਸੇ, ਮਿਸ਼ੇਲ ਸੈਂਟਨਰ ਦੀ ਕਪਤਾਨੀ ਹੇਠ, ਨਿਊਜ਼ੀਲੈਂਡ ਨੇ ਦੱਖਣੀ ਅਫਰੀਕਾ ਖਿਲਾਫ 9 ਵਿਕਟਾਂ ਨਾਲ ਸ਼ਾਨਦਾਰ ਜਿੱਤ ਦਰਜ ਕਰਕੇ ਫਾਈਨਲ ਵਿੱਚ ਆਪਣੀ ਥਾਂ ਪੱਕੀ ਕੀਤੀ। ਹਾਲਾਂਕਿ, Twenty-twenty ਮੈਚਾਂ ਵਿੱਚ, ਭਾਰਤ 18 ਮੈਚ ਜਿੱਤ ਕੇ ਨਾਲ ਨਿਊਜ਼ੀਲੈਂਡ ਤੋਂ ਅੱਗੇ ਏ, ਜਦੋਂ ਕਿ ਨਿਊਜ਼ੀਲੈਂਡ ਨੇ 11 ਮੈਚ ਜਿੱਤੇ ਨੇ।

------------------------------------------------------------------------------------------

ਰੇਲਵੇ ਨੇ ਭਾਰਤ ਅਤੇ ਨਿਊਜ਼ੀਲੈਂਡ ਵਿਚਾਲੇ ਕੱਲ੍ਹ ਅਹਿਮਦਾਬਾਦ ਵਿੱਚ ਹੋਣ ਵਾਲੇ ICC ਟਵੈਂਟੀ-ਟਵੈਂਟੀ ਵਿਸ਼ਵ ਕੱਪ ਦੇ ਫਾਈਨਲ ਮੈਚ ਦੇ ਮੱਦੇਨਜ਼ਰ ਇੱਕ ਵਿਸ਼ੇਸ਼ ਰੇਲਗੱਡੀ ਚਲਾਉਣ ਦਾ ਫੈਸਲਾ ਕੀਤਾ ਏ। ਇਹ ਫੈਸਲਾ ਉੱਚ ਹਵਾਈ ਕਿਰਾਏ ਅਤੇ ਫਾਈਨਲ ਮੈਚ ਦੇਖਣ ਦੇ

ਇੱਛੁਕ ਮੁਸਾਫ਼ਰਾਂ ਲਈ ਟਿਕਟਾਂ ਦੀ ਅਣਉਪਲਬਧਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਏ। ਰੇਲਵੇ ਦੇ ਅਨੁਸਾਰ, ਵਿਸ਼ੇਸ਼ ਰੇਲਗੱਡੀ ਅੱਜ ਰਾਤ 11 ਵੱਜਕੇ 45 ਮਿੰਟ ਤੇ ਨਵੀਂ ਦਿੱਲੀ ਤੋਂ ਰਵਾਨਾ ਹੋਵੇਗੀ ਅਤੇ ਕੱਲ੍ਹ ਦੁਪਹਿਰ ਢਾਈ ਵਜੇ ਸਾਬਰਮਤੀ ਪਹੁੰਚੇਗੀ। ਵਿਸ਼ੇਸ਼ ਰੇਲਗੱਡੀ ਵਿੱਚ ਮੁਸਾਫ਼ਰਾਂ ਦੇ ਬੈਠਣ ਲਈ ਸੈਕਿੰਡ ਏਸੀ ਅਤੇ ਥਰਡ ਏਸੀ ਕੋਚਾਂ ਸਮੇਤ ਕੁੱਲ 19 ਕੋਚ ਹੋਣਗੇ। ਇਹ ਰੇਲਗੱਡੀ ਆਪਣੀ ਮੰਜ਼ਿਲ 'ਤੇ ਪਹੁੰਚਣ ਤੋਂ ਪਹਿਲਾਂ ਦਿੱਲੀ ਕੈਂਟ, ਗੁਰੂਗ੍ਰਾਮ ਅਤੇ ਜੈਪੁਰ ਵਿੱਚੋਂ ਲੰਘੇਗੀ।

---

- ਪੰਜਾਬ ਸਰਕਾਰ, ਕੱਲ੍ਹ ਐਤਵਾਰ ਨੂੰ ਆਪਣਾ 5ਵਾਂ ਬਜਟ ਪੇਸ਼ ਕਰੇਗੀ I
- ਪੰਜਾਬ ਮੰਤਰੀ ਮੰਡਲ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ, ਵਿਸ਼ਵ ਪੱਧਰੀ 'ਸ੍ਰੀ ਗੁਰੂ ਤੇਗ਼ ਬਹਾਦਰ ਯੂਨੀਵਰਸਿਟੀ' ਅਤੇ ਸਰਕਾਰੀ ਕਾਲਜਾਂ ਵਿੱਚ 1158 ਅਸਾਮੀਆਂ ਲਈ ਨਵੀਂ ਭਰਤੀ ਨੂੰ ਮਨਜ਼ੂਰੀ ਸਮੇਤ ਕਈ ਅਹਿਮ ਫੈਸਲੇ ਲਏ I
- ਨੌਜਵਾਨ ਮਾਮਲਿਆਂ ਅਤੇ ਖੇਡਾਂ ਬਾਰੇ ਮੰਤਰਾਲੇ ਵਲੋਂ ਕੱਲ ਕੌਮਾਂਤਰੀ ਮਹਿਲਾ ਦਿਵਸ ਮੌਕੇ ,ਪੰਜਾਬ ਸਮੇਤ ਦੇਸ਼ ਭਰ ਵਿੱਚ ਇੱਕ ਦੇਸ਼ ਵਿਆਪੀ ਐਥਲੈਟਿਕਸ ਲੀਗ - ASMITA ਦਾ ਆਯੋਜਨ ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਕੁੜੀਆਂ ਨੂੰ ਸਮਾਜਿਕ-ਆਰਥਿਕ ਵਿਕਾਸ ਵਿੱਚ ਸਰਗਰਮ ਭਾਈਵਾਲ ਬਣਨ ਦਾ ਸੱਦਾ ਦਿੱਤਾ I
- ICC Twenty-twenty ਕ੍ਰਿਕਟ ਵਿਸ਼ਵ ਕੱਪ ਦੇ ਖ਼ਿਤਾਬੀ ਮੁਕਾਬਲੇ ਵਿੱਚ, ਕੱਲ੍ਹ ਭਾਰਤ ਦਾ ਮੁਕਾਬਲਾ ਨਿਊਜ਼ੀਲੈਂਡ ਨਾਲ ਹੋਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ ' ਤੇ**

**ਨਮਸਕਾਰ !**